ਰੋਜਾਨਾ ਸੱਚ ਤੇ ਨਿਡਰ ਆਵਾਜ

ਲੋਕ ਬਾਣੀ

Email : Lokbani08@gmail.com

21 ਮਾਰਚ 2023

ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)

R.N.I. /Punpun/29016/2008/ ● ਸਾਲ : 15 ● ਅੰਕ : 78 ● ਮੁੱਲ : 5.00 ਰੁਪਏ ● ਕੁੱਲ ਪੇਜ : 10 ● ਫੈਕਸ: 0181-2211009, 99155-94111

ਇਮਰਾਨ ਖਾਨ 'ਤੇ ਗੰਭੀਰ ਧਾਰਾਵਾਂ ਲਾ ਮਾਮਲਾ ਦਰਜ

ਇਸਲਾਮਾਬਾਦ/ਲੋਕ ਬਾਣੀ ਪਾਕਿਸਤਾਨ ਦੀ ਪੁਲਿਸ ਵੱਲੋਂ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਅਤੇ ਉਨਾਂ ਦੀ ਪਾਰਟੀ ਪਾਕਿਸਤਾਨ ਤਹਿਰੀਕ-ਏ-ਇਨਸਾਫ ਦੇ ਕਰੀਬ ਇੱਕ ਦਰਜਨ ਨੇਤਾਵਾਂ ਦੇ ਖਿਲਾਫਭੰਨਤੋੜ ਕਰਨ ਅਤੇ ਸੁਰੱਖਿਆ ਕਰਮਚਾਰੀਆਂ 'ਤੇ ਹਮਲਾ ਕਰਨ ਦੇ ਮਾਮਲੇ 'ਚ ਸਖ਼ਤ ਕਾਰਵਾਈ ਕੀਤੀ ਗਈ ਹੈ। ਐਤਵਾਰ ਨੂੰ ਭ੍ਰਿਸ਼ਟਾਚਾਰ ਦੇ ਇਕ ਮਾਮਲੇ ਦੀ ਸੁਣਵਾਈ ਦੌਰਾਨ ਅਦਾਲਤ ਦੇ ਬਾਹਰ ਹੰਗਾਮਾ ਕਰਨ ਵਿੱਚ ਸ਼ਾਮਲ ਹੋਣ ਦੇ ਦੋਸ਼ ਵਿੱਚ ਪੁਲਿਸ ਨੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੇ ਖਿਲਾਫ ਅੱਤਵਾਦ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਇਮਰਾਨ ਖਾਨ ਤੋਸ਼ਾਖਾਨਾ ਕੇਸ ਦੀ ਸੁਣਵਾਈ ਦੌਰਾਨ ਪੇਸ਼ ਹੋਣ ਲਈ ਲਾਹੌਰ ਤੋਂ ਇਸਲਾਮਾਬਾਦ ਆਏ ਸਨ ਜਦੋਂ ਇਸਲਾਮਾਬਾਦ ਨਿਆਇਕ ਕੰਪਲੈਕਸ ਦੇ ਬਾਹਰ ਉਨਾਂ ਦੇ ਸਮਰਥਕਾਂ ਅਤੇ ਸੁਰੱਖਿਆ ਕਰਮਚਾਰੀਆਂ ਵਿਚਕਾਰ ਝੜਪ ਹੋ ਗਈ। ਸ਼ਨੀਵਾਰ ਨੂੰ ਪੀਟੀਆਈ ਵਰਕਰਾਂ ਅਤੇ ਪੁਲਿਸ ਵਿਚਾਲੇ ਝੜਪਾਂ ਦੌਰਾਨ 25 ਸੁਰੱਖਿਆ ਕਰਮਚਾਰੀ ਜ਼ਖਮੀ ਹੋ ਗਏ ਸਨ, ਜਿਸ ਤੋਂ ਬਾਅਦ ਵਧੀਕ ਜ਼ਿਲਾ ਅਤੇ ਸੈਸ਼ਨ ਜੱਜ ਜ਼ਫਰ ਇਕਬਾਲ ਨੇ ਸੁਣਵਾਈ 30 ਮਾਰਚ ਤੱਕ ਮੁਲਤਵੀ ਕਰ ਦਿੱਤੀ ਹੈ। ਜੀਓ ਨਿਊਜ਼ ਦੀ ਖ਼ਬਰ ਮੁਤਾਬਕ ਪੀਟੀਆਈ ਵਰਕਰਾਂ ਅਤੇ ਲੋੜੀਂਦੇ ਆਗੂਆਂ ਖ਼ਿਲਾਫ਼ ਐਫਆਈਆਰ ਦਰਜ ਕੀਤੀ ਗਈ ਹੈ। ਨਿਊਜ਼ ਚੈਨਲ ਨੇ ਦੱਸਿਆ ਕਿ ਇਸਲਾਮਾਬਾਦ ਪੁਲਿਸ ਵੱਲੋਂ ਦਰਜ ਕਰਵਾਈ ਗਈ ਐਫਆਈਆਰ ਵਿੱਚ ਪੀਟੀਆਈ ਦੇ 17 ਨੇਤਾਵਾਂ ਦੇ ਨਾਮ ਦਰਜ ਕੀਤੇ ਗਏ ਹਨ। ਐਫਆਈਆਰ ਵਿੱਚ ਕਿਹਾ ਗਿਆ ਹੈ ਕਿ ਕਾਰਕੁਨਾਂ ਨੇ ਪੁਲਿਸ ਚੌਕੀ ਅਤੇ ਨਿਆਇਕ ਕੰਪਲੈਕਸ ਦੇ ਮੁੱਖ ਗੇਟ ਨੂੰ ਢਾਹ ਦਿੱਤਾ। ਪੁਲਿਸ ਮੁਤਾਬਕ ਅੱਗਜ਼ਨੀ, ਪਥਰਾਅ ਅਤੇ ਨਿਆਇਕ ਕੰਪਲੈਕਸ ਦੀ ਇਮਾਰਤ ਨੂੰ ਨੁਕਸਾਨ ਪਹੁੰਚਾਉਣ ਦੇ ਇਲਜ਼ਾਮਾਂ ਤਹਿਤ 18 ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।

ਸਿੱਖ ਭਾਈਚਾਰੇ ਨੇ ਕੀਤਾ ਬ੍ਰਿਟਿਸ਼ ਹਾਈ ਕਮਿਸ਼ਨ ਦਫਤਰ ਅੱਗੇ ਪ੍ਰਦਰਸ਼ਨ

ਦਿੱਲੀ/ਕਪੂਰ

ਲੰਡਨ ਵਿਚ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਖ਼ਾਲਿਸਤਾਨੀ ਸਮਰਥਕਾਂ ਵਲੋਂ ਭਾਰਤੀ ਝੰਡਾ ਉਤਾਰਨ ਦੀ ਕੋਸ਼ਿਸ਼ ਦੀ ਘਟਨਾ ਨੂੰ ਲੈ ਕੇ ਅੱਜ ਸਿੱਖ ਭਾਈਚਾਰੇ ਨੇ ਇੱਥੇ ਸਥਿਤ ਬ੍ਰਿਟਿਸ਼ ਹਾਈ ਕਮਿਸ਼ਨ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ।

ਪੰਜਾਬ 'ਚ ਮੀਂਹ ਤੇ ਗੜੇਮਾਰੀ ਕਾਰਨ ਹੋਇਆ ਕਾਫੀ ਨੁਕਸਾਨ

ਸ੍ਰੀ ਮੁਕਤਸਰ ਸਾਹਿਬ/ਲੋਕ ਬਾਣੀ

ਸ੍ਰੀ ਮੁਕਤਸਰ ਸਾਹਿਬ ਇਲਾਕੇ ਵਿਚ ਅੱਜ ਮੁੜ ਮੀਂਹ ਦੇ ਨਾਲ ਹਲਕੀ ਗੜੇਮਾਰੀ ਵੀ ਹੋਈ, ਜਿਸ ਨਾਲ ਕਿਸਾਨਾਂ ਦੀ ਚਿੰਤਾ ਵਧ ਗਈ ਹੈ। ਕੁਝ ਦਿਨਾਂ ਤੋਂ ਮੌਸਮ ਦੀ ਲਗਾਤਾਰ ਖ਼ਰਾਬੀ ਚੱਲ ਰਹੀ ਹੈ, ਜਿਸ ਕਾਰਨ ਕਣਕ ਦੀ ਪੱਕੀ ਫ਼ਸਲ ਡਿੱਗਣ ਕਾਰਨ ਖ਼ਰਾਬ ਹੋ ਰਹੀ ਹੈ ਅਤੇ ਤੇਲੇ ਸਮੇਤ ਹੋਰ ਬਿਮਾਰੀਆਂ ਦਾ ਸ਼ਿਕਾਰ ਹੋ ਰਹੀ ਹੈ।

ਅਮਰੀਕਾ 'ਚ ਹਿੰਸਾ, ਲੱਗਾ ਕਰਫਿਊ

ਸੈਕਰਾਮੈਂਟੋ, ਕੈਲੀਫੋਰਨੀਆ/ਲੋਕ ਬਾਣੀ

ਅਮਰੀਕਾ ਦੇ ਫ਼ਲੋਰਿਡਾ ਰਾਜ ਦੇ ਸ਼ਹਿਰ ਮਿਆਮੀ ਬੀਚ ਵਿਚ ਹੋਈਆਂ ਗੋਲੀਬਾਰੀ ਦੀਆਂ ਦੋ ਘਟਨਾਵਾਂ ਤੋਂ ਬਾਅਦ ਵੱਡੀ ਪੱਧਰ ਉਪਰ ਬੇਕਾਬੂ ਹੋਈ ਭੀੜ 'ਤੇ ਕਾਬੂ ਪਾਉਣ ਲਈ ਹੰਗਾਮੀ ਸਥਿਤੀ ਤੇ ਬੀਤੀ ਅੱਧੀ ਰਾਤ ਤੋਂ ਕਰਫ਼ਿਊ ਲਾ ਦੇਣ ਦੀ ਰਿਪੋਰਟ ਹੈ। ਸ਼ਹਿਰ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਜਾਰੀ ਪ੍ਰੈਸ ਬਿਆਨ ਵਿਚ ਕਿਹਾ ਗਿਆ ਹੈ ਕਿ ਗੋਲੀਬਾਰੀ ਦੀਆਂ ਦੋ ਘਟਨਾਵਾਂ ਦੇ ਪ੍ਰਤੀਕਰਮ ਵਜੋਂ ਅਤੇ ਵੱਡੀ ਪੱਧਰ ਉਪਰ ਲੋਕਾਂ ਦੀ ਭੀੜ ਦੇ ਖ਼ਤਰਨਾਕ ਤੇ ਗ਼ੈਰਕਾਨੂੰਨੀ ਵਿਵਹਾਰ ਦੇ ਮੱਦੇਨਜ਼ਰ ਸਿਟੀ ਆਫ਼ ਮਿਆਮੀ ਬੀਚ ਨੇ ਹੰਗਾਮੀ ਸਥਿਤੀ ਦਾ ਐਲਾਨ ਕੀਤਾ ਹੈ ਤੇ ਰਾਤ 11.59 ਵਜੇ ਤੋਂ ਕਰਫ਼ਿਊ ਲਾ ਦਿੱਤਾ ਹੈ। ਬਿਆਨ ਵਿਚ ਕਿਹਾ ਗਿਆ ਹੈ ਕਿ ਸਿਟੀ ਮੈਨੇਜਰ ਵਲੋਂ 23 ਮਾਰਚ ਤੋਂ ਹੋਰ ਪਾਬੰਦੀਆਂ ਲਾਉਣ ਦੀ ਵੀ ਯੋਜਨਾ ਹੈ।

ਪੰਜਾਬ 'ਚ ਇੰਟਰਨੈੱਟ ਬੰਦ ਮਾਮਲਾ ਹਾਈਕੋਰਟ ਚਲੇਗਾ

ਚੰਡੀਗੜ੍ਹ/ਵਿਨੋਦ ਸ਼ਰਮਾ

ਪੰਜਾਬ ਵਿਚ ਪਿਛਲੇ ਤਿੰਨ ਦਿਨਾਂ ਤੋਂ ਇੰਟਰਨੈੱਟ ਬੰਦ ਹੋਣ ਦੇ ਖ਼ਿਲਾਫ਼ ਐਡਵੋਕੇਟ ਜਗਮੋਹਨ ਭੱਟੀ ਵਲੋਂ ਹਾਈਕੋਰਟ 'ਚ ਪਟੀਸ਼ਨ ਦਾਖ਼ਲ ਕੀਤੀ ਗਈ ਹੈ।

ਨੇਪਾਲ ਬਾਰਡਰ ਤੋਂ ਲਾਵਾਰਿਸ ਕਾਰ 'ਚੋਂ ਮਿਲੀ 20 ਕਰੋੜ ਦੀ ਚਰਸ

ਉੱਤਰ ਪ੍ਰਦੇਸ਼/ਲੋਕ ਬਾਣੀ

ਬਹਿਰਾਈਚ ਜ਼ਿਲ੍ਹੇ ਵਿਚ ਨੇਪਾਲ ਦੇ ਨਾਲ ਲਗਦੇ ਸਰਹੱਦੀ ਇਲਾਕੇ ਰੂਪਈਡੀਹਾ ਖੇਤਰ ਵਿਚ ਪੁਲਸ ਨੇ ਇਕ ਲਾਵਾਰਿਸ ਕਾਰ 'ਚੋਂ ਤਕਰੀਬਨ 20 ਕਰੋੜ ਰੁਪਏ ਕੀਮਤ ਦੀ ਚਰਸ ਬਰਾਮਦ ਕੀਤੀ ਹੈ। ਪੁਲਸ ਨੇ ਐਤਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਸੁਪਰਡੰਟ ਪ੍ਰਸ਼ਾਂਤ ਵਰਮਾ ਨੇ ਦੱਸਿਆ ਕਿ ਸ਼ਨੀਵਾਰ ਦੇਰ ਸ਼ਾਮ ਪੁਲਸ ਤੇ ਐੱਸ.ਐੱਸ.ਬੀ. ਦੀ ਸਾਂਝੀ ਟੀਮ ਨੂੰ ਉੱਤਰਾਖੰਡ ਨੰਬਰ ਵਾਲੀ ਇਕ ਕਾਰ ਸ਼ੱਕੀ ਹਾਲਤ ਵਿਚ ਖੜ੍ਹੀ ਮਿਲੀ।

ਅੰਮ੍ਰਿਤਪਾਲ ਦੇ ਮਾਪੇ ਪੁਲਿਸ 'ਤੇ ਲਾ ਰਹੇ ਹਨ ਗੰਭੀਰ ਆਰੋਪ

SGPC ਨੇ ਕਿਹਾ-ਕਾਰਵਾਈ ਦਾ ਗਲਤ ਤਰੀਕਾ

ਬਿਆਸ/ਲੋਕ ਬਾਣੀ

ਕੱਟੜਪੰਥੀ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਕਿਹਾ ਕਿ ਪੁਲੀਸ ਇੱਕ ਸਾਜ਼ਿਸ਼ ਤਹਿਤ ਉਸ ਦੇ ਪੁੱਤਰ ਖ਼ਿਲਾਫ਼ ਮੁਹਿੰਮ ਚਲਾ ਰਹੀ ਹੈ। ਅੰਮ੍ਰਿਤਪਾਲ ਨੇ ਕੋਈ ਗੈਰ ਕਾਨੂੰਨੀ ਕੰਮ ਨਹੀਂ ਕੀਤਾ ਹੈ। ਉਹ ਧਰਮ ਦਾ ਪ੍ਰਚਾਰ ਕਰਕੇ ਨੌਜਵਾਨਾਂ ਨੂੰ ਗੁਰੂਘਰ ਨਾਲ ਜੋੜ ਰਿਹਾ ਸੀ ਅਤੇ ਉਨਾਂ ਨੂੰ ਅੰਮ੍ਰਿਤ ਪਾਨ ਕਰ ਰਿਹਾ ਸੀ। ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰ ਰਿਹਾ ਸੀ । ਇਸ ਕਾਰਨ ਨਸ਼ੇ ਦੇ ਸੌਦਾਗਰਾਂ ਅਤੇ ਪੁਲਿਸ ਵਿੱਚ ਖਲਬਲੀ ਮਚੀ ਹੋਈ ਹੈ। ਪੁਲਿਸ ਅਤੇ ਸਰਕਾਰ ਅੰਮ੍ਰਿਤਪਾਲ ਦੀ ਧਰਮ ਅਤੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਰੋਕਣਾ ਚਾਹੁੰਦੀ ਸੀ। ਇਸ ਕਾਰਨ ਪੁਲਿਸ ਨੇ

ਸੂਬੇ ਭਰ ਵਿੱਚ ਉਸ ਖ਼ਿਲਾਫ਼ ਮੁਹਿੰਮ ਵਿੱਢੀ ਹੋਈ ਹੈ। ਉਨਾਂ ਕਿਹਾ ਕਿ ਪੁਲੀਸ ਝੂਠ ਬੋਲ ਰਹੀ ਹੈ ਕਿ ਅੰਮ੍ਰਿਤਪਾਲ ਫਰਾਰ ਹੋ ਗਿਆ ਹੈ, ਉਹ ਪੁਲੀਸ ਦੀ ਹਿਰਾਸਤ ਵਿੱਚ ਹੈ। ਅੰਮ੍ਰਿਤਪਾਲ ਦੀ ਮਾਤਾ ਬਲਵਿੰਦਰ ਕੌਰ ਨੇ ਕਿਹਾ ਕਿ ਪੁਲਿਸ ਝੂਠੀਆਂ ਅਫਵਾਹਾਂ ਫੈਲਾ ਰਹੀ ਹੈ ਕਿ ਉਸ ਦਾ ਲੜਕਾ ਫਰਾਰ ਹੈ। ਅੰਮ੍ਰਿਤਪਾਲ ਨੂੰ ਪੁਲਿਸ ਨੇ ਸ਼ਨੀਵਾਰ ਨੂੰ ਹੀ 2 ਵਜੇ ਗ੍ਰਿਫਤਾਰ ਕੀਤਾ ਸੀ। ਪੁਲਿਸ ਜਾਣਬੁੱਝ ਕੇ ਅੰਮ੍ਰਿਤਪਾਲ ਦੀ ਸੂਚਨਾ ਪਰਿਵਾਰਕ ਮੈਂਬਰਾਂ ਨੂੰ ਨਹੀਂ ਦੇ ਰਹੀ, ਜਦਕਿ ਉਹ ਉਨਾਂ ਦੇ ਕੋਲ ਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜਿਸ ਤਰਾਂ ਪੰਜਾਬ ਸਰਕਾਰ ਅਤੇ ਪੁਲੀਸ ਅੰਮ੍ਰਿਤਪਾਲ ਸਿੰਘ ਖ਼ਿਲਾਫ਼ ਕਾਰਵਾਈ ਕਰ ਰਹੀ ਹੈ, ਉਹ ਗਲਤ ਹੈ। ਸੂਬੇ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ।

ਪੰਜਾਬ ਚ ਇੰਟਰਨੈੱਟ ਅਜੇ ਰਹੇਗਾ ਬੰਦ

ਜਲੰਧਰ/ਰਾਕੇਸ਼ ਵਰਮਾ

ਪੰਜਾਬ ਵਿੱਚ ਇੰਟਰਨੈਟ ਸੇਵਾਵਾਂ 'ਤੇ ਪਾਬੰਦੀ ਅਗਲੇ 24 ਘੰਟਿਆਂ ਲਈ ਵਧਾ ਦਿੱਤੀ ਗਈ ਹੈ। ਪੰਜਾਬ ਸਰਕਾਰ ਨੇ ਸੂਬੇ 'ਚ ਮੋਬਾਈਲ ਇੰਟਰਨੈੱਟ ਸੇਵਾਵਾਂ ਮੰਗਲਵਾਰ ਦੁਪਹਿਰ 12 ਵਜੇ ਤੱਕ ਮੁਅੱਤਲ ਕਰ ਦਿੱਤੀਆਂ ਹਨ। ਇਸ ਦੇ ਨਾਲ ਹੀ ਐੱਸਐੱਮਐੱਸ ਸੇਵਾਵਾਂ ਵੀ ਬੰਦ ਰਹਿਣਗੀਆਂ। ਦੱਸ ਦੇਈਏ ਕਿ ਪੰਜਾਬ ਵਿਚ ਬ੍ਰਾਡਬੈਂਡ ਸੇਵਾਵਾਂ ਮੁਅੱਤਲ ਨਹੀਂ ਕੀਤੀਆਂ ਗਈਆਂ ਹਨ ਤਾਂ ਜੋ ਬੈਂਕਿੰਗ ਸਹੂਲਤਾਂ, ਹਸਪਤਾਲ ਸੇਵਾਵਾਂ ਅਤੇ ਹੋਰ ਜ਼ਰੂਰੀ ਸੇਵਾਵਾਂ 'ਤੇ ਕੋਈ ਅਸਰ ਨਾ ਪਵੇ।

ਤੇਜ਼ ਹਥਿਆਰਾਂ ਨਾਲ ਨਿਹੰਗ ਸਿੰਘ ਦਾ ਕੀਤਾ ਗਿਆ ਕਤਲ

ਬਠਿੰਡਾ/ਲੋਕ ਬਾਣੀ

ਬਠਿੰਡਾ ਜ਼ਿਲ੍ਹੇ ਦੇ ਪਿੰਡ ਨਥੇਆਣਾ ਨੇੜੇ ਗੁਰਦੁਆਰਾ ਸਾਹਿਬ ਦੀ ਸੇਵਾ ਵਿੱਚ ਲੱਗੇ ਇੱਕ ਬਜ਼ੁਰਗ ਨਿਹੰਗ ਦਾ ਅਣਪਛਾਤੇ ਵਿਅਕਤੀਆਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ ਗਿਆ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਦੋਸ਼ੀ ਫਰਾਰ ਹੋ ਗਏ । ਮ੍ਰਿਤਕ ਦੀ ਪਛਾਣ ਸੁਖਦੇਵ ਸਿੰਘ ਵਾਸੀ ਪਿੰਡ ਸਿਵੀਆਂ ਵਜੋਂ ਹੋਈ ਹੈ। ਪੁਲਿਸ ਥਾਣਾ ਨੇਹੀਆਂਵਾਲਾ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਪਹੁੰਚਾ ਕੇ ਅਣਪਛਾਤੇ ਵਿਅਕਤੀਆਂ ਖਿਲਾਫ਼ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ ? ਪ੍ਰਾਪਤ ਜਾਣਕਾਰੀ ਅਨੁਸਾਰ ਬਜ਼ੁਰਗ ਨਿਹੰਗ ਸੁਖਦੇਵ ਸਿੰਘ ਵਾਸੀ ਪਿੰਡ ਸਿਵੀਆਂ ਜੋ ਗੁਰਦੁਆਰਾ ਸਾਹਿਬ ਲਈ ਪਿੰਡ ਦੇ ਨੇੜਲੇ ਘਰਾਂ ਵਿੱਚੋਂ ਦਾਲ-ਰੋਟੀ ਇਕੱਠੀ ਕਰਨ ਦੀ ਸੇਵਾ ਕਰਦਾ ਸੀ। ਐਤਵਾਰ ਦੇਰ ਰਾਤ ਜਦੋਂ ਉਹ ਦਾਲ- ਰੋਟੀ ਇਕੱਠੀ ਕਰਕੇ ਪਿੰਡ ਨਥੇਆਣਾ ਨੇੜੇ ਰਜਵਾਹੇ ਤੋਂ ਲੰਘ ਰਿਹਾ ਸੀ ਤਾਂ ਅਣਪਛਾਤੇ ਵਿਅਕਤੀਆਂ ਨੇ ਉਸ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਉਸ ਦਾ ਕਤਲ ਕਰ ਦਿੱਤਾ।

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com (dipsimt@gmail.com)
CONTACT : 95010-00697 , 97806-00998